28 Oct-FDK-Mkt-5-6-7-8.qxd 28-Oct-25 9:23 PM Page 4

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਦੇਸ਼ ਭਗਤ ਗਲੋਬਲ ਸਕੂਲ ਦੇ ਖਿਡਾਰੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਹਰਮਹਿੰਦਰ ਪਾਲ)-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜੋਰਾ ਸਿੰਘ ਅਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਅਗਵਾਈ ਅਤੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਬੱਚਿਆਂ ਨੇ ਖੇਡਾਂ ਵਿਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਜ਼ੋਨ ਪੱਧਰ, ਜ਼ਿਲ੍ਹਾ ਪੱਧਰ ਅਤੇ ਸੂਬਾ ਪੱਧਰ ਤੱਕ ਆਪਣੀ ਪਹੁੰਚ ਦਰਸਾਈ ਹੈ। ਬੱਚਿਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਜਿਵੇਂ ਜੂਡੋ ਕਰਾਟੇ, ਕੁਰਾਸ਼, ਤਾਈਕਵਾਂਡੋ, ਡਿਸਕਸ ਥਰੋ, ਰਿਲੇਅ ਦੌੜ, ਵੇਟ ਲਿਫ਼ਟਿੰਗ, ਪਾਵਰ ਲਿਫ਼ਟਿੰਗ, ਬਾਕਸਿੰਗ ਤੇ ਕਿੱਕ ਬਾਕਸਿੰਗ ਵਿਚ ਹਿੱਸਾ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਕੁਰਾਸ਼ ਲੜਕੀਆਂ ਯਸ਼ਿਕਾ, ਨਵਨੀਤ ਕੌਰ, ਸੁਖਮਨ, ਜਸ਼ਨਦੀਪ, ਅਰਸ਼ਦੀਪ, ਤਨੀਸ਼ਾ, ਦੀਆ, ਵੰਸ਼ਿਕਾ, ਏਂਜਲ, ਹਰਮਨਪ੍ਰੀਤ ਨੇ ਜ਼ਿਲ੍ਹਾ ਪੱਧਰ 'ਤੇ ਸੋਨ ਤਗ਼ਮਾ ਜਿੱਤਿਆ। ਇਨ੍ਹਾਂ ਵਿਚੋਂ ਸੁਖਮਨ, ਤਨੀਸ਼ਾ, ਅਰਸ਼ਦੀਪ ਕੌਰ, ਦੀਆ, ਹਰਮਨਪ੍ਰੀਤ ਅਤੇ ਏਂਜਲ ਨੇ ਸੂਬਾ ਪੱਧਰੀ ਮੁਕਾਬਲੇ ਵਿਚ ਉਤਸ਼ਾਹਪੂਰਵਕ ਹਿੱਸਾ ਲਿਆ। ਕੁਰਾਸ਼ ਲੜਕਿਆਂ ਵਿਚ ਨਮਨ, ਹਰਨੂਰ, ਰਿਦਮ, ਪਰਨੀਤ, ਯਥਾਰਥ, ਕਾਰਤਿਕ, ਤਰਨਪ੍ਰੀਤ, ਵਿਸ਼ਵਜੀਤ, ਵਰਿੰਦਰ ਅਤੇ ਜੀਤਪਾਲ ਨੇ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਅਤੇ ਅਮਰਿੰਦਰ ਤੇ ਗੁਰਨੂਰ ਨੇ ਦੂਜਾ ਅਤੇ ਅੱਗੇ ਸੂਬਾ ਪੱਧਰ ਮੁਕਾਬਲੇ ਵਿਚ ਹਿੱਸਾ ਲਿਆ। ਜੂਡੋ ਕਰਾਟੇ ਵਿਚ ਹਰਸ਼ਿਤ ਪਾਲ ਨੇ ਪਹਿਲਾ ਸਥਾਨ, ਕਾਰਤਿਕ, ਯਥਾਰਥ ਤੇ ਤਰਨਪ੍ਰੀਤ ਨੇ ਦੂਜਾ ਸਥਾਨ ਹਾਸਿਲ ਕੀਤਾ। ਜੂਡੋ ਲੜਕੀਆਂ ਦੀ ਟੀਮ ਜ਼ਿਲ੍ਹਾ ਪੱਧਰੀ ਮੁਕਾਬਲੇ ਵਿਚ ਜੰਨਤ ਖਾਨ, ਆਰਤੀ, ਪਰਨਵ, ਕਸ਼ਿਸ਼ ਨੇ ਪਹਿਲਾ ਸਥਾਨ ਅਤੇ ਗੁਰਸੀਰਤ ਨੇ ਤੀਜਾ ਸਥਾਨ ਹਾਸਿਲ ਕੀਤਾ। ਤਾਈਕਵਾਂਡੋ ਵਿਚ ਦੀਆ, ਏਂਜਲ ਨੇ ਪਹਿਲਾ ਸਥਾਨ, ਹਰਸਿਮਰਨ ਦੂਜਾ ਸਥਾਨ ਅਤੇ ਯਸਿਕਾ, ਆਰਤੀ ਨੇ ਤੀਜਾ ਸਥਾਨ ਹਾਸਿਲ ਕੀਤਾ। ਲੜਕਿਆਂ ਵਿਚੋਂ ਗੁਰਵੀਰ ਨੇ ਜ਼ਿਲ੍ਹੇ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ। ਬਾਕਸਿੰਗ ਵਿਚ ਹੀਤੇਸ, ਹਰਸ਼ਿਤ ਪਾਲ ਤੇ ਹਰਨੂਰ ਅਤੇ ਕਾਰਤਿਕ ਤੇ ਯਥਾਰਥ ਨੇ ਕਿੱਕ ਬਾਕਸਿੰਗ ਵਿਚ ਤੀਜਾ ਸਥਾਨ ਹਾਸਿਲ ਕੀਤਾ। ਪਾਵਰ ਲਿਫ਼ਟਿੰਗ ਵਿਚ ਨੈਤਿਕ ਤੇ ਮਹਿਤਾਬ ਨੇ ਲਗਾਤਾਰ ਪਹਿਲਾ ਤੇ ਦੂਸਰਾ ਸਥਾਨ ਅਤੇ ਧੀਰਜ ਪਾਲ ਨੇ ਪਹਿਲਾ ਸਥਾਨ ਹਾਸਿਲ ਕਰਕੇ ਸੂਬਾ ਪੱਧਰੀ ਮੁਕਾਬਲਿਆਂ ਵਿਚ ਹਿੱਸਾ ਲਿਆ। ਪਰਾਂਜਲ ਤੇ ਹਰਮਨ ਪ੍ਰੀਤ ਨੇ ਜ਼ੋਨ ਪੱਧਰੀ ਡਿਸਕਸ ਥਰੋ ਮੁਕਾਬਲੇ ਅਤੇ ਅੱਗੇ ਜ਼ਿਲ੍ਹਾ ਪੱਧਰੀ ਮੁਕਾਬਲੇ ਵਿਚ ਹਿੱਸਾ ਲੈ ਕੇ ਪਹਿਲਾ ਸਥਾਨ ਹਾਸਿਲ ਕਰਕੇ ਸੋਨ ਤਗ਼ਮਾ ਜਿੱਤਿਆ। 400 ਮੀਟਰ ਦੌੜ ਵਿਚ ਨਮਨ ਨੇ ਪਹਿਲਾ, ਗੁਰਵੀਰ ਨੇ ਦੂਜਾ ਸਥਾਨ, ਜੈਵਲਿਨ ਥਰੋ ਵਿਚ ਅਰਸ਼ਦੀਪ ਕੌਰ ਨੇ ਦੂਜਾ ਸਥਾਨ, ਤਰਨਪ੍ਰੀਤ ਸਿੰਘ ਨੇ ਡਿਸਕਸ ਥਰੋ ਵਿਚ ਦੂਜਾ ਸਥਾਨ, ਤਨੀਸ਼ਾ ਨੇ 400 ਮੀਟਰ ਵਿਚ ਤੀਜਾ ਸਥਾਨ, ਰਿਲੇਅ ਦੌੜ ਲੜਕੀਆਂ ਵਿਚੋਂ ਪ੍ਰਾਜਲ, ਏਂਜਲ, ਹਰਮਨ ਤੇ ਵੈਸ਼ਨਵੀ ਨੇ ਪਹਿਲਾ ਸਥਾਨ, ਰਿਲੇਅ ਦੌੜ ਲੜਕਿਆਂ ਵਿਚੋਂ ਵਿਸ਼ਵਜੀਤ, ਰੋਨਿਤ, ਅਮਰਿੰਦਰ ਤੇ ਰਵਨੀਤ ਨੇ ਦੂਜਾ ਸਥਾਨ ਹਾਸਿਲ ਕੀਤਾ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਸਾਰੇ ਖਿਡਾਰੀਆਂ ਦੀ ਉਨ੍ਹਾਂ ਦੀ ਕਾਬਲੀਅਤ ਤੇ ਮਿਹਨਤ ਲਈ ਸ਼ਲਾਘਾ ਕੀਤੀ। ਉਨ੍ਹਾਂ ਵਧੀਆ ਨਤੀਜਿਆਂ ਦਾ ਸਿਹਰਾ ਪੀ.ਟੀ.ਆਈ. ਅਮਨਦੀਪ ਸਿੰਘ ਅਤੇ ਕੋਚ ਸ਼ਾਲੂ ਦੇ ਸਿਰ ਸਜਾਇਆ। ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਖਿਡਾਰੀ ਬੱਚਿਆਂ ਨੂੰ ਵਧਾਈ ਦਿੱਤੀ। ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ, ਸੁਪਰਡੈਂਟ ਮੇਜਰ ਮਹਿਤਾ ਅਤੇ ਸਮੂਹ ਅਧਿਆਪਕਾਂ ਨੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ।

ਦੇਸ਼ ਭਗਤ ਗਲੋਬਲ ਸਕੂਲ ਦੇ ਹੋਣਹਾਰ ਵਿਦਿਆਰਥੀ।

ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ ਪੰਜਾਬ ਪੱਧਰੀ ਖੇਡਾਂ ਦੀ ਸ਼ੁਰੂਆਤ ਮੌਕੇ ਪੈਵੀ ਢਿੱਲੋਂ ਤੇ ਪ੍ਰਬੰਧਕ। ਤਸਵੀਰ: ਰਵੀਪਾਲ

ਬਾਬਾ ਫ਼ਰੀਦ ਸਕੂਲ ਵਿਖੇ 69ਵੀਆਂ ਪੰਜਾਬ ਪੱਧਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਸਮਾਪਤ

ਦੋਦਾ, 28 ਅਕਤੂਬਰ (ਰਵੀਪਾਲ)-ਬਾਬਾ ਫ਼ਰੀਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ 69ਵੀਆਂ ਪੰਜਾਬ ਰਾਜ ਅੰਡਰ ਜ਼ਿਲ੍ਹਾ ਸਕੂਲ ਖੇਡਾਂ ਵਰਗ-17, ਵਰਗ-19 ਲੜਕੀਆਂ ਦੀ ਸ਼ੁਰੂਆਤ ਹੋਈ, ਜਿਸ ਦਾ ਉਦਘਾਟਨ ਪੈਵੀ ਢਿੱਲੋਂ ਸਪੁੱਤਰ ਹਰਦੀਪ ਸਿੰਘ ਡਿੰਪੀ ਢਿੱਲੋਂ ਵਿਧਾਇਕ ਗਿੱਦੜਬਾਹਾ ਨੇ ਰਸਮੀ ਤੌਰ 'ਤੇ ਰੀਬਨ ਕੱਟ ਕੇ ਕੀਤਾ ਗਿਆ। ਪਹਿਲੇ ਮੈਚਾਂ ਦੌਰਾਨ (ਨੈੱਟਬਾਲ) ਸ੍ਰੀ ਮੁਕਤਸਰ ਸਾਹਿਬ ਨੇ ਸੰਗਰੂਰ ਨੂੰ ਹਰਾਇਆ, ਬਰਨਾਲਾ ਨੇ ਮੋਗਾ ਨੂੰ ਹਰਾਇਆ ਅਤੇ ਮਾਨਸਾ ਵਿੰਗ ਨੇ ਫ਼ਰੀਦਕੋਟ ਨੂੰ ਹਰਾਇਆ। ਇਸ ਮੌਕੇ ਸਕੂਲ ਦੇ ਐੱਮ.ਡੀ. ਹਰਜੀਤ ਸਿੰਘ ਬਰਾੜ ਵਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚੋਂ ਆਈਆਂ ਹੋਈਆਂ ਟੀਮਾਂ ਦਾ ਧੰਨਵਾਦ ਕਰਦੇ ਹੋਏ ਟੀਮਾਂ ਨੂੰ ਲਗਨ ਮਿਹਨਤ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਮੈਚ ਦਾ ਸੰਚਾਲਨ ਤਰਸੇਮ ਸਿੰਘ ਡੀ.ਪੀ.ਈ. ਨੇ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਵਿਭਾਗ ਸਪੋਰਟਸ ਸੁਰਿੰਦਰ ਸਿੰਘ, ਰਾਜਬਿੰਦਰ ਸਿੰਘ ਚੱਕ ਗਿਲਜੇਵਾਲਾ ਇੰਚਾਰਜ, ਪ੍ਰਿੰਸੀਪਲ ਪਰਮਜੀਤ ਕੌਰ, ਡੀ.ਪੀ.ਈ. ਗੁਰਮੇਲ ਸਿੰਘ, ਨਰੇਸ਼ ਕੁਮਾਰ, ਨੈੱਟਬਾਲ ਕੋਚ ਮਨਪ੍ਰੀਤ ਸਿੰਘ, ਗੁਰਤੇਜ ਸਿੰਘ ਲੈਕਚਰਾਰ, ਪਵਨ ਕੁਮਾਰ ਲੈਕਚਰਾਰ, ਮਨਿੰਦਰ ਕੁਮਾਰ, ਬਾਬਾ ਫ਼ਰੀਦ ਸਕੂਲ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਸਮਰੀਤ ਕੌਰ ਸਿੱਧੂ ਨੇ ਖੇਡਾਂ 'ਚ ਵੱਖ-ਵੱਖ ਤ.ਗਮੇ ਜਿੱਤੇ

• ਨੈਸ਼ਨਲ ਖੇਡਾਂ ਲਈ ਹੋਈ ਚੋਣ

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਪਿੰਡ ਮੜ੍ਹਮੱਲੂ ਦੀ ਲੜਕੀ ਸਮਰੀਤ ਕੌਰ ਸਿੱਧੂ ਨੇ ਖੇਡਾਂ 'ਚ ਮੱਲਾਂ ਮਾਰੀਆਂ ਹਨ ਅਤੇ ਤਗ਼ਮੇ ਪ੍ਰਾਪਤ ਕੀਤੇ ਹਨ। ਪਿਤਾ ਪਰਮਵੀਰ ਸਿੰਘ ਸਿੱਧੂ ਅਤੇ ਮਾਤਾ ਰਮਨਦੀਪ ਕੌਰ ਦੀ ਲਾਡਲੀ ਧੀ ਏਅਰ ਰਾਈਫ਼ਲ ਸ਼ੂਟਿੰਗ ਤੇ ਪੀਪ ਸਾਈਟ ਖੇਡਾਂ ਵਿਚ ਮੱਲਾਂ ਮਾਰ ਰਹੀ ਹੈ। ਉਸ ਦੇ ਪਿਤਾ ਪਰਮਵੀਰ ਸਿੰਘ ਪਿੰਡ ਮੜ੍ਹਮੱਲੂ ਨੇ ਦੱਸਿਆ ਕਿ ਸਮਰੀਤ ਕੌਰ ਲਿਟਲ ਫ਼ਲਾਵਰ ਕਾਨਵੈਂਟ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ ਅੱਠਵੀਂ ਕਲਾਸ ਦੀ ਵਿਦਿਆਰਥਣ ਹੈ। ਉਸ ਨੇ ਨਾਰੰਗ ਸ਼ੂਟਿੰਗ ਕਲੱਬ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੂਟਿੰਗ ਰੇਂਜ ਵਿਚ ਕੋਚ ਸਭਰੱਤ ਨਾਰੰਗ ਅਤੇ ਰਾਕੇਸ਼ ਨਾਰੰਗ ਤੋਂ ਸੱਤ ਮਹੀਨੇ ਟ੍ਰੇਨਿੰਗ ਲਈ। ਹਾਲ ਹੀ ਵਿਚ ਪਿਛਲੇ ਦਿਨੀਂ ਮੋਹਾਲੀ ਵਿਖੇ ਹੋਈਆਂ 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਵਿਚ 408.3 ਅੰਕ ਪ੍ਰਾਪਤ ਕਰਕੇ ਚਾਂਦੀ ਦਾ ਤਗ਼ਮਾ ਜਿੱਤਿਆ ਅਤੇ ਇਸ ਵਿਦਿਆਰਥਣ ਨੂੰ ਨੈਸ਼ਨਲ ਖੇਡਾਂ ਲਈ ਚੁਣਿਆ ਗਿਆ। ਇਸ ਤੋਂ ਪਹਿਲਾਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿਚ ਸੋਨ ਤਗ਼ਮਾ, ਇੰਟਰ ਸਕੂਲ ਜ਼ਿਲ੍ਹਾ ਪੱਧਰੀ ਖੇਡਾਂ ਵਿਚ ਸੋਨ ਤਗ਼ਮਾ, ਜ਼ਿਲ੍ਹਾ ਸ਼ੂਟਿੰਗ ਚੈਂਪੀਅਨਸ਼ਿਪ 2025 ਵਿਚ ਕਾਂਸੀ ਦਾ ਤਗ਼ਮਾ ਪ੍ਰਾਪਤ ਕੀਤਾ। ਸਕੂਲ ਪ੍ਰਬੰਧਕਾਂ ਤੇ ਪਿੰਡ ਵਾਸੀਆਂ ਨੇ ਲੜਕੀ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਜ਼ਾਹਿਰ ਕਰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

ਪਿੰਡ ਮੜ੍ਹਮੱਲੂ ਵਾਸੀ ਖਿਡਾਰਨ ਸਮਰੀਤ ਕੌਰ ਸਿੱਧੂ ਖੇਡਾਂ 'ਚ ਪ੍ਰਾਪਤ ਹੋਏ ਵੱਖ-ਵੱਖ ਤ.ਗਮੇ ਵਿਖਾਉਂਦੀ ਹੋਈ।

ਮੇਲੇ ਦੌਰਾਨ ਬਣਾਏ ਗਏ ਚਾਰਟ ਅਤੇ ਮਾਡਲ ਦਿਖਾਉਂਦੇ ਵਿਦਿਆਰਥੀ, ਨਾਲ ਸਕੂਲ ਅਧਿਆਪਕ।

ਡੀ.ਈ.ਓ. ਵਲੋਂ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦਾ ਉਦਘਾਟਨ

ਖੇਡਾਂ ਦਾ ਉਦਘਾਟਨ ਕਰਦੇ ਹੋਏ ਸਿੱਖਿਆ ਅਧਿਕਾਰੀ ਤੇ ਨਾਲ ਹੋਰ।

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਹਰਮਹਿੰਦਰ ਪਾਲ)-ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਉਦਘਾਟਨ ਯਾਦਵਿੰਦਰ ਸਿੰਘ ਮਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਅ) ਵਲੋਂ ਕੀਤਾ ਗਿਆ। ਖੇਡਾਂ ਦੇ ਜ਼ਿਲ੍ਹਾ ਕਨਵੀਨਰ ਬੀ.ਪੀ.ਈ.ਓ. ਜਗਦੀਪ ਸਿੰਘ ਨੇ ਦੱਸਿਆ ਕਿ ਖੇਡਾਂ ਦੇ ਪਹਿਲੇ ਦਿਨ ਲੜਕਿਆਂ ਦੇ ਮੁਕਾਬਲੇ ਕਰਵਾਏ ਗਏ। ਕਬੱਡੀ ਨੈਸ਼ਨਲ ਸਟਾਈਲ, ਖੋ-ਖੋ, ਹੈਂਡਬਾਲ, ਫ਼ੁੱਟਬਾਲ, ਕੁਸ਼ਤੀ, ਸ਼ਤਰੰਜ ਤੇ ਯੋਗਾ ਆਦਿ ਦੇ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਪਰਗਟ ਸਿੰਘ ਜੰਬਰ ਨੇ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਨੂੰ ਕਰਵਾਉਣ ਵਿਚ ਜ਼ਿਲ੍ਹਾ ਖੇਡ ਅਫ਼ਸਰ ਅਨਿੰਦਰਵੀਰ ਕੌਰ ਬਰਾੜ, ਬੀ.ਪੀ.ਈ.ਓ. ਬਲਵਿੰਦਰ ਸਿੰਘ, ਯਸ਼ਪਾਲ ਸਿੰਘ, ਮਨੋਜ ਕੁਮਾਰ, ਗੁਰਪ੍ਰੀਤ ਸਿੰਘ ਸੰਧੂ, ਰਜਿੰਦਰ ਸਿੰਘ, ਹਰਨੇਕ ਸਿੰਘ, ਰਾਜਪਾਲ ਸਿੰਘ, ਧਰਮਿੰਦਰ ਸਿੰਘ, ਮਮਤਾ ਰਾਣੀ, ਪੁਸ਼ਪਾ ਸੱਚਦੇਵਾ, ਰਾਜਵੀਰ ਕੌਰ, ਬਲਜਿੰਦਰ ਸਿੰਘ, ਅਜੀਤਪਾਲ ਸਿੰਘ, ਰਣਜੀਤ ਸਿੰਘ ਭਲਾਈਆਣਾ ਆਦਿ ਨੇ ਬਹੁਤ ਸਹਿਯੋਗ ਦਿੱਤਾ। ਸਟੇਜ ਸਕੱਤਰ ਦੀ ਭੂਮਿਕਾ ਨਵਦੀਪ ਸਿੰਘ ਸੁੱਖੀ ਅਤੇ ਗੁਰਪ੍ਰੀਤ ਸਿੰਘ ਨੇ ਨਿਭਾਈ।

ਸਰਕਾਰੀ ਹਾਈ ਸਕੂਲ ਡੋਡਾਂਵਾਲੀ ਵਿਖੇ ਵੱਖ-ਵੱਖ ਵਿਸ਼ਿਆਂ ਦਾ ਮੇਲਾ ਕਰਵਾਇਆ

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਹਰਮਹਿੰਦਰ ਪਾਲ)-ਜਸਪਾਲ ਮੋਗਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਰਾਜਿੰਦਰ ਸੋਨੀ ਦੀ ਰਹਿਨੁਮਾਈ ਹੇਠ ਸਰਕਾਰੀ ਹਾਈ ਸਕੂਲ ਡੋਡਾਂਵਾਲੀ ਵਿਖੇ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਦਾ ਮੇਲਾ ਲਗਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਸਮਾਜਿਕ ਸਿੱਖਿਆ ਦੇ ਅਧਿਆਪਕ ਧੀਰਜ ਖੇੜਾ ਤੇ ਕੰਵਲਜੀਤ ਸਿੰਘ ਦੀ ਅਗਵਾਈ ਹੇਠ ਵਿਸ਼ਿਆਂ ਅਧਾਰਿਤ ਕਈ ਗਤੀਵਿਧੀਆਂ ਕੀਤੀਆਂ, ਜਿਨ੍ਹਾਂ ਰਾਹੀਂ ਵਿਦਿਆਰਥੀਆਂ ਨੇ ਆਪਣੀਆਂ ਵਿਦਿਅਕ ਯੋਗਤਾਵਾਂ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ। ਇਸ ਮੌਕੇ ਅੰਗਰੇਜ਼ੀ ਦੇ ਚਾਰਟ ਤੇ ਮਾਡਲ ਜਗਦੇਵ ਸਿੰਘ ਅੰਗਰੇਜ਼ੀ ਅਧਿਆਪਕ ਵਲੋਂ ਤਿਆਰ ਕਰਵਾਏ ਗਏ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਯਾਦਵਿੰਦਰ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੇਲਿਆਂ ਨਾਲ ਬੱਚਿਆਂ ਵਿਚ ਸਿੱਖਣ ਦੀ ਰੁਚੀ ਵਧਦੀ ਹੈ ਅਤੇ ਵਿਸ਼ਿਆਂ ਨੂੰ ਸਮਝਣ ਦਾ ਮੌਕਾ ਦਿੰਦੇ ਹਨ।

ਮੇਜਰ ਅਜਾਇਬ ਸਿੰਘ ਕਾਨਵੈਂਟ ਸਕੂਲ ਜਿਉਣ ਵਾਲਾ ਵਿਖੇ ਪ੍ਰਾਇਮਰੀ ਵਿਭਾਗ ਦੇ ਸਾਲਾਨਾ ਖੇਡ ਦਿਵਸ ਦੀ ਫ਼ੀਤਾ ਕੱਟ ਕੇ ਸ਼ੁਰੂਆਤ ਕਰਦੇ ਹੋਏ ਪ੍ਰਿੰਸੀਪਲ ਡਾ.ਐਸ.ਐਸ. ਬਰਾੜ। ਅਜੀਤ ਤਸਵੀਰ

ਪ੍ਰਾਇਮਰੀ ਵਿੰਗ 'ਚ ਖੇਡ ਦਿਵਸ ਜੋਸ਼ ਨਾਲ ਮਨਾਇਆ

ਫ਼ਰੀਦਕੋਟ, 28 ਅਕਤੂਬਰ (ਜਸਵੰਤ ਸਿੰਘ ਪੁਰਬਾ)-ਮੇਜਰ ਅਜਾਇਬ ਸਿੰਘ ਕਾਨਵੈਂਟ ਸਕੂਲ ਜਿਉਣ ਵਾਲਾ ਵਿਖੇ ਪ੍ਰਾਇਮਰ